# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 14-04-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਸੁਪਰੀਮ ਕੋਰਟ ਨੇ ਖੇਤੀਬਾੜੀ ਉਪਜ ਲਈ ਘੱਟੋ-ਘੱਟ ਸਮਰਥਨ ਮੁੱਲ ਨਿਰਧਾਰਤ ਕਰਨ ਨਾਲ ਸਬੰਧਤ ਪਟੀਸ਼ਨ 'ਤੇ ਕੇਂਦਰ ਤੋਂ ਜਵਾਬ ਮੰਗਿਆ ਏ.

- ਦੇਸ਼ ਅੱਜ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਓਹਨਾਂ ਦੇ ਜਨਮ ਦਿਹਾੜੇ ਮੌਕੇ ਨਮਨ ਕਰ ਰਿਹਾ ਏ. ਪੰਜਾਬ ‘ਚ ਆਦਮਪੁਰ ਵਿਖੇ ਹੋਏ ਰਾਜ ਪਧਰੀ ਪ੍ਰੋਗ੍ਰਾਮ ‘ਚ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕਰਨ ਦਾ ਐਲਾਨ.

- ਵਿਸਾਖੀ ਦਾ ਤਿਉਹਾਰ ਪੂਰੇ ਪੰਜਾਬ ਸਮੇਤ ਦੇਸ਼ ਤੇ ਵਿਦੇਸ਼ਾਂ ਵਿਚ ਵੀ ਪੂਰੇ ਚਾਅ ਨਾਲ ਮਨਾਇਆ ਜਾ ਰਿਹਾ ਏ.

- ਕੇਂਦਰ ਸਰਕਾਰ ਦੀਆਂ ਟੀਮਾਂ ਵਲੋਂ ਬੀਤੇ ਦਿਨੀਂ ਪੰਜਾਬ 'ਚ ਹੋਈ ਬੇਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਕਾਰਨ, ਕਣਕ ਦੀ ਫ਼ਸਲ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਸੂਬੇ ਦੇ ਵਖ – ਵਖ ਇਲਾਕਿਆਂ ਦਾ ਦੌਰਾ ਕੀਤਾ ਜਾ ਰਿਹਾ ਏ.

- IPL ਕ੍ਰਿਕੇਟ ਵਿੱਚ ਅੱਜ, Chennai Super Kings ਦਾ ਮੁਕਾਬਲਾ Kolkata Knight Riders ਨਾਲ ਸ਼ਾਮ ਸਾਢੇ 7 ਵਜੇ ਹੋਏਗਾ |

## ਹੁਣ ਖਬਰਾਂ ਵਿਸਥਾਰ ਨਾਲ

ਸੁਪਰੀਮ ਕੋਰਟ ਨੇ ਖੇਤੀਬਾੜੀ ਉਪਜ ਲਈ ਘੱਟੋ-ਘੱਟ ਸਮਰਥਨ ਮੁੱਲ ਨਿਰਧਾਰਤ ਕਰਨ ਨਾਲ ਸਬੰਧਤ ਪਟੀਸ਼ਨ 'ਤੇ ਕੇਂਦਰ ਅਤੇ ਹੋਰ ਅਧਿਕਾਰੀਆਂ ਤੋਂ ਜਵਾਬ ਮੰਗੇ ਨੇ. ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ Joymalya Bagchi ਦੀ ਅਗਵਾਈ ਵਾਲੇ ਬੈਂਚ ਨੇ ਕੇਂਦਰ ਸਰਕਾਰ, ਵਿਦੇਸ਼ੀ ਵਪਾਰ ਡਾਇਰੈਕਟੋਰੇਟ ਜਨਰਲ ਅਤੇ ਖੇਤੀਬਾੜੀ ਲਾਗਤਾਂ ਅਤੇ ਕੀਮਤਾਂ ਬਾਰੇ ਕਮਿਸ਼ਨ

ਨੂੰ ਨੋਟਿਸ ਜਾਰੀ ਕੀਤੇ ਨੇ. ਪਟੀਸ਼ਨ ਵਿੱਚ ਬੇਨਤੀ ਕੀਤੀ ਗਈ ਸੀ ਕਿ MSP ਨਿਰਧਾਰਤ ਕਰਦੇ ਸਮੇਂ ਰਾਜ-ਵਿਸ਼ੇਸ਼ ਖੇਤੀ ਲਾਗਤ ਨੂੰ ਵੱਧ ਤੋਂ ਵੱਧ ਮਹੱਤਵ ਦਿੱਤਾ ਜਾਵੇ। ਅਦਾਲਤ ਨੇ ਕਿਹੈ ਕਿ MSP ਨਿਰਧਾਰਤ ਕਰਨ ਵਿੱਚ ਪੇਚੀਦਾ ਪਹਿਲੂ ਜੁੜੇ ਹੋਏ ਨੇ, ਜਿਸ ਵਿੱਚ ਰਾਜਾਂ ਵਿੱਚ ਜ਼ਮੀਨ ਅਤੇ ਪੂੰਜੀ ਲਾਗਤਾਂ ਵਿੱਚ ਭਿੰਨਤਾਵਾਂ ਸ਼ਾਮਲ ਨੇ. ਇਸ ਨੇ ਟਿੱਪਣੀ ਕੀਤੀ ਕਿ ਇੱਕੋ ਜਿਹੀ ਨੀਤੀ ਸੰਭਵ ਨਹੀਂ ਹੋ ਸਕਦੀ ਅਤੇ ਪਟੀਸ਼ਨ ਵਿਚ ਆਰਥਿਕ ਨੀਤੀ ਨੂੰ ਦੁਬਾਰਾ ਬਣਾਉਣ ਦੀ ਮੰਗ ਕੀਤੀ ਗਈ ਏ. ਪਟੀਸ਼ਨ MS ਸਵਾਮੀਨਾਥਨ ਕਮਿਸ਼ਨ ਰਿਪੋਰਟ ਦਾ ਹਵਾਲਾ ਦਿੱਤਾ ਗਿਆ ਏ, ਜਿਸ ਵਿਚ ਲਾਗਤ 'ਤੇ MSP ਅਤੇ 50 ਫੀਸਦੀ ਲਾਭ ਦੀ ਸਿਫਾਰਸ਼ ਕੀਤੀ ਸੀ.

---

ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਅੱਜ ਉਨ੍ਹਾਂ ਦੀ 136ਵੀਂ ਜਨਮ ਵਰ੍ਹੇਗੰਢ 'ਤੇ ਦੇਸ਼ ਭਰ ਵਿੱਚ ਸ਼ਰਧਾਂਜਲੀ ਭੇਟ ਕੀਤੀ ਜਾ ਰਹੀ ਏ । ਇਸ ਮੌਕੇ

'ਤੇ ਦੇਸ਼ ਭਰ ਵਿੱਚ ਕਈ ਪ੍ਰੋਗਰਾਮ ਕਰਾਏ ਜਾ ਰਹੇ ਨੇ. ਇੱਕ ਰਿਪੋਰਟ –

ਭਾਰਤ ਰਤਨ ਡਾ. AMBEDKAR ਦੇ ਵਿਚਾਰ ਅੱਜ ਵੀ ਮਨੁੱਖਤਾ ਨੂੰ ਸਮਾਜਿਕ ਨਿਆਂ ਅਤੇ ਸਮਾਨਤਾ ਵੱਲ ਸੇਧ ਦਿੰਦੇ ਨੇ. ਡਾ. ਅੰਬੇਡਕਰ ਜਾਤਿ - ਵਾਦ ਤੇ ਛੂਤ-ਛਾਤ ਦੇ ਕੱਟੜ ਵਿਰੋਧੀ ਸਨ। ਉਨ੍ਹਾਂ ਦਾ ਮੰਨਣਾ ਸੀ ਕਿ ਸਮਾਜ ਵਿੱਚ ਸੱਚੀ ਸਮਾਨਤਾ ਉਦੋਂ ਹੀ ਸੰਭਵ ਏ ਜਦੋਂ ਹਰ ਵਿਅਕਤੀ ਨੂੰ ਬਰਾਬਰ ਮੌਕੇ ਮਿਲਣ। ਡਾ. ਅੰਬੇਡਕਰ 64 ਵਿਸ਼ਿਆਂ ਵਿੱਚ ਮਾਹਿਰ ਸਨ, ਕਈ ਭਾਸ਼ਾਵਾਂ ਜਾਣਦੇ ਸਨ, ਤੇ ਕੁੱਲ 32 ਡਿਗਰੀਆਂ ਪ੍ਰਾਪਤ ਸਨ। ਉਨ੍ਹਾਂ ਨੇ ਲੰਡਨ ਸਕੂਲ ਆਫ਼ ਇਕਨਾਮਿਕਸ ਵਿੱਚ ਅੱਠ ਸਾਲ ਦੀ ਪੜ੍ਹਾਈ ਸਿਰਫ਼ ਦੋ ਸਾਲ ਅਤੇ ਤਿੰਨ ਮਹੀਨਿਆਂ ਵਿੱਚ ਪੂਰੀ ਕੀਤੀ। ਉਨ੍ਹਾਂ ਦੇ ਮਜ਼ਬੂਤ ਵਿਦਿਅਕ ਪਿਛੋਕੜ ਕਾਰਨ ਹੀ ਉਨ੍ਹਾਂ ਨੂੰ ਸੰਵਿਧਾਨ ਸਭਾ ਦੀ ਖਰੜਾ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ। ਡਾ. AMBEDAKAR ਦਾ ਔਰਤਾਂ ਨੂੰ ਮਜ਼ਬੂਤ  ਬਣਾਉਣ ਵਿੱਚ ਵੀ ਵਡਮੁੱਲਾ ਯੋਗਦਾਨ ਏ. ਅੱਜ ਵੀ, ਕੇਂਦਰ ਸਰਕਾਰ ਦਾ ਔਰਤਾਂ ਦੀ ਅਗਵਾਈ ਵਾਲੇ ਵਿਕਾਸ 'ਤੇ ਜ਼ੋਰ ਅਤੇ ਨਾਰੀ ਸ਼ਕਤੀ ਵੰਦਨ ਐਕਟ ਇਨ੍ਹਾਂ ਵਿਚਾਰਾਂ ਦਾ ਸਿੱਟਾ ਨੇ.

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਉਨ੍ਹਾਂ ਦੇ ਜਨਮ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ ਏ ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵੀ ਡਾ AMBEDKAR ਦੀ ਜਨਮ ਵਰ੍ਹੇ ਗੰਢ ‘ਤੇ ਓਹਨਾਂ ਨੂੰ ਨਮਨ ਕੀਤਾ ਏ.

---

ਡਾ. ਭੀਮ ਰਾਉ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਅੱਜ ਪਠਾਨਕੋਟ ਵਿੱਚ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੁਚੱਕ ਵੱਲੋਂ ਪਠਾਨਕੋਟ ਦੇ ਇੱਕ ਮਹੱਤਵਪੂਰਨ ਚੌਂਕ ਦਾ ਨਾਂ ਬਦਲ ਕੇ "ਅੰਬੇਡਕਰ ਚੌਂਕ" ਰੱਖਣ ਦਾ ਐਲਾਨ ਕੀਤਾ ਗਿਆ। ਇਸ ਦੇ ਨਾਲ ਹੀ ਚੌਂਕ ਵਿੱਚ ਬਾਬਾ ਸਾਹਿਬ ਦਾ ਸੁੰਦਰ ਬੁਤ ਵੀ ਕਾਇਮ ਕੀਤਾ ਗਿਆ.

---

ਪੰਜਾਬ 'ਚ  ਡਾ ਅੰਬੇਡਕਰ ਦਾ ਜਨਮ ਦਿਹਾੜਾ ਮਨਾਉਣ ਲਈ ਅੱਜ ਰਾਜ ਪੱਧਰੀ ਸਮਾਗਮ ਜਲੰਧਰ ਦੇ ਆਦਮਪੁਰ 'ਚ ਉਦੇਸੀਆਂ ਪਿੰਡ ਵਿਖੇ ਹੋਇਆ |

---

ਪੰਜਾਬ ਸਰਕਾਰ ਨੇ ਅੱਜ ਆਪਣੀ ਉਦੇਸ਼ਪੂਰਨ 'ਮੁੱਖ ਮੰਤਰੀ ਮਾਵਾਂ ਧੀਆਂ  ਸਤਿਕਾਰ ਯੋਜਨਾ' ਸ਼ੁਰੂ ਕੀਤੀ ਏ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਮਨਾਉਣ ਲਈ ਹੋਏ ਰਾਜ ਪੱਧਰੀ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਐਲਾਨ ਕੀਤਾ ਕਿ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਅੱਜ ਤੋਂ ਸ਼ੁਰੂ ਹੋ ਜਾਵੇਗੀ-

byte

ਇਸ ਯੋਜਨਾ ਦੇ ਲਾਗੂ ਹੋਣ ਨਾਲ, ਜਨਰਲ ਵਰਗ ਦੀਆਂ ਔਰਤਾਂ ਨੂੰ 1,000 ਰੁਪਏ ਅਤੇ ਦਲਿਤ ਪਰਿਵਾਰਾਂ ਦੀਆਂ ਔਰਤਾਂ ਨੂੰ 1,500 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਇਹ ਪੈਸਾ ਸਿੱਧਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤਾ ਜਾਵੇਗਾ। ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਦੇ ਚਾਰ ਸਾਲ ਬਾਅਦ ਸਾਲ 2026-27 ਦੇ ਰਾਜ ਬਜਟ ਦੌਰਾਨ ਇਸ ਯੋਜਨਾ ਦਾ ਐਲਾਨ ਕੀਤਾ ਸੀ। ਇਹ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੱਤਾਧਾਰੀ ਪਾਰਟੀ ਦਾ ਇੱਕ ਮੁੱਖ ਚੋਣ ਵਾਅਦਾ ਸੀ।

ਇਹ ਯੋਜਨਾ ਸ਼ੁਰੂ ਵਿਚ ਆਦਮਪੁਰ, ਮਲੋਟ, ਸ਼੍ਰੀ ਅਨੰਦਪੁਰ ਸਾਹਿਬ, ਦਿੜ੍ਹਬਾ, ਸੁਨਾਮ, ਮੋਗਾ, ਕੋਟਕਪੂਰਾ, ਬਟਾਲਾ ਅਤੇ ਪਟਿਆਲਾ ਦਿਹਾਤੀ ਸਮੇਤ 9 ਹਲਕਿਆਂ ਵਿਚ 15 ਮਈ ਤੋਂ ਸ਼ੁਰੂ ਹੋਏਗੀ. ਇਸ ਦਾ ਬਾਕੀ 108 ਹਲਕਿਆਂ ਵਿਚ ਪਸਾਰ ਕੀਤਾ ਜਾਏਗਾ. ਸਕੀਮ ਦਾ ਭੁਗਤਾਨ ਜੁਲਾਈ ਤੋਂ ਸ਼ੁਰੂ ਹੋ ਜਾਏਗਾ ਅਤੇ ਰਜਿਸਟ੍ਰੇਸ਼ਨ ਲਈ ਕੋਈ ਸਮਾਂ ਸੀਮਾ ਨਹੀਂ ਹੋਏਗੀ.

---

ਵਿਸਾਖੀ ਦੇ ਤਿਉਹਾਰ ਮੌਕੇ ਪੂਰੇ ਪੰਜਾਬ ‘ਚ ਰੌਣਕਾਂ ਨੇ. ਪੰਜਾਬ ਭਰ ਅਤੇ ਪੂਰੇ ਦੇਸ਼ ਦੇ ਨਾਲ – ਨਾਲ ਵਿਦੇਸ਼ਾਂ ਵਿਚ ਵੀ ਪੰਜਾਬੀ ਭਾਈਚਾਰੇ ਵਲੋਂ ਇਹ ਦਿਨ ਪੂਰੀ ਖੁਸ਼ੀ ਤੇ ਚਾਅ ਨਾਲ ਮਨਾਇਆ ਜਾ ਰਿਹਾ ਏ ਤੇ ਲੋਕ ਗੁਰਦਵਾਰਿਆਂ ‘ਚ ਮਥਾ ਟੇਕਣ ਪਹੁੰਚ ਰਹੇ ਨੇ. ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸੇ ਦਾ ਸਾਜਨਾ ਦਿਵਸ ਧਾਰਮਿਕ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ. ਦੇਸ਼ ਵਿਦੇਸ਼ ਤੋਂ ਹਜ਼ਾਰਾਂ ਸੰਗਤਾਂ ਨਤਮਸਤਕ ਹੋ ਰਹੀਆਂ ਨੇ .ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਧਾਰਮਿਕ ਦੀਵਾਨ

ਸਜਾਏ ਜਾ ਰਹੇ ਨੇ. ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੇ ਪਾਵਨ ਮੌਕੇ 'ਤੇ ਸੱਚਖੰਡ ਸ੍ਰੀ ਹਰਿਮੰਦਿਰ ਸਾਹਿਬ ਵਿਖੇ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਪਹੁੰਚ ਰਹੀਆਂ ਨੇ. ਇਸ ਮੌਕੇ ਸੰਗਤਾਂ ਵੱਲੋਂ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਵੀ ਕੀਤਾ ਗਿਆ। ਸ਼ਾਮ ਦੇ ਸਮੇਂ ਸੰਗਤਾਂ ਵਲੋਂ ਹਰੀਮੰਦਿਰ ਸਾਹਿਬ ਵਿਖੇ ਦੀਪਮਾਲਾ ਕੀਤੀ ਜਾਏਗੀ. ਇਹ ਦਿਨ ਬਹੁਤ ਹੀ ਮਹੱਤਵਪੂਰਨ ਏ, ਕਿਉਂਕਿ ਅੱਜ ਦੇ ਦਿਨ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸੇ ਦੀ ਸਾਜਨਾ ਕਰਕੇ ਸਿੱਖ ਕੌਮ ਨੂੰ ਨਵੀਂ ਪਛਾਣ ਦਿੱਤੀ ਸੀ। ਅੱਜ ਖਾਲਸਾ ਦਾ ਜਨਮ ਦਿਹਾੜਾ ਅਤੇ ਵਿਸਾਖੀ ਦਾ ਤਿਉਹਾਰ ਹੋਰਨਾਂ ਗੁਰੂ ਧਾਮਾਂ ਦੀ ਤਰ੍ਹਾਂ ਹੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਵੀ ਭਾਰੀ ਉਤਸ਼ਾਹ ਨਾਲ ਮਨਾਇਆ ਗਿਆ। ਸ੍ਰੀ ਦਮਦਮਾ ਸਾਹਿਬ ਵਿਖੇ ਅੱਜ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਇਸ਼ਨਾਨ ਕੀਤਾ ਅਤੇ ਇਲਾਹੀ ਬਾਣੀ ਦੇ ਕੀਰਤਨ ਦਾ ਆਨੰਦ ਮਾਣਿਆ | ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਸਿੱਖ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦੀ ਵਧਾਈ

ਦਿੱਤੀ। ਇਹ ਤਿਉਹਾਰ ਸਾਡੇ ਕਿਸਾਨ ਭਰਾਵਾਂ ਲਈ ਵਿਸ਼ੇਸ਼ ਤੋਰ ਤੇ ਅਹਮਿਅਤ ਰੱਖਦਾ ਏ ਕਿਉਂਕਿ ਉਹ ਅੱਜ ਤੋਂ ਹੀ ਆਪਣੇ ਖੇਤਾਂ ਵਿੱਚ ਕਣਕ ਦੀ ਵਾਢੀ ਸ਼ੁਰੂ ਕਰਦੇ ਨੇ .

---

ਰਾਸ਼ਟਰਪਤੀ ਦ੍ਰੌਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਤੇ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੇਸ਼ ਵਾਸੀਆਂ ਨੂੰ ਵਿਸਾਖੀ, ਮੌਕੇ ਦੇਸ਼ ਵਾਸੀਆਂ ਨੂੰ ਵਧਾਈਆਂ ਦਿੱਤੀਆਂ ਨੇ.

---

ਚੰਡੀਗੜ੍ਹ ਵਿੱਚ, ਮਰਦਮ- ਸ਼ੁਮਾਰੀ 2027 ਲਈ ਗਣਨਾ 16 ਅਪ੍ਰੈਲ ਤੋਂ ਸ਼ੁਰੂ ਹੋ ਕੇ ਦੋ ਗੇੜਾਂ ਵਿੱਚ ਕੀਤੀ ਜਾਵੇਗੀ। ਇਹ ਖੁਲਾਸਾ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ, ਮਰਦਮਸ਼ੁਮਾਰੀ ਸੰਚਾਲਨ ਬਾਰੇ ਡਾਇਰੈਕਟਰ ਡਾ. ਨਵਜੋਤ ਖੋਸਾ ਨੇ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ । ਉਨ੍ਹਾਂ ਦੇ ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਡਿਪਟੀ ਕਮਿਸ਼ਨਰ ਤੇ

ਪ੍ਰਿੰਸੀਪਲ ਮਰਦਮਸ਼ੁਮਾਰੀ ਅਧਿਕਾਰੀ, ਨਿਸ਼ਾਂਤ ਕੁਮਾਰ ਯਾਦਵ ਵੀ ਮੌਜੂਦ ਸਨ। ਪਹਿਲੇ ਗੇੜ੍ਹ ਵਿੱਚ, ਘਰਾਂ ਦੀਆਂ ਸੂਚੀਆਂ ਤਿਆਰ ਕੀਤੀਆਂ ਜਾਣਗੀਆਂ ਅਤੇ ਰਿਹਾਇਸ਼ੀ ਗਣਨਾ ਕੀਤੀ ਜਾਵੇਗੀ ਜਿਸ ਵਿੱਚ ਸਵੈ-ਗਣਨਾ 16 ਅਪ੍ਰੈਲ ਤੋਂ 30 ਅਪ੍ਰੈਲ ਤੱਕ ਕੀਤੀ ਜਾਵੇਗੀ ਅਤੇ ਘਰ-ਘਰ ਗਣਨਾ 1 ਮਈ, ਤੋਂ 30 ਜੂਨ ਤੱਕ ਕੀਤੀ ਜਾਵੇਗੀ। ਇਹ ਗੇੜ੍ਹ ਰਿਹਾਇਸ਼ੀ ਸਥਿਤੀਆਂ, ਸਹੂਲਤਾਂ ਅਤੇ ਸੰਪਤੀਆਂ 'ਤੇ ਕੇਂਦ੍ਰਿਤ ਹੋਵੇਗਾ। ਇਹ ਗੇੜ੍ਹ, ਦੂਜੇ ਗੇੜ੍ਹ ਯਾਨੀ ਆਬਾਦੀ ਗਣਨਾ ਲਈ ਆਧਾਰ ਬਣਾਏਗਾ ਜੋ ਅਗਲੇ ਸਾਲ ਫਰਵਰੀ 2027 ਲਈ ਤਹਿ ਕੀਤਾ ਗਿਆ ਏ । ਇਹ ਮੋਬਾਈਲ ਐਪਲੀਕੇਸ਼ਨਾਂ ਦੀ ਵਰਤੋਂ ਕਰਕੇ ਪਹਿਲੀ ਵਾਰ ਕੀਤੀ ਜਾ ਰਹੀ ਡਿਜੀਟਲ ਮਰਦਮਸ਼ੁਮਾਰੀ ਏ, ਡਾ. ਖੋਸਾ ਨੇ ਮੀਡੀਆ ਨੂੰ ਜਾਗਰੂਕਤਾ ਫੈਲਾਉਣ, ਜਨਤਕ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਗਲਤ ਜਾਣਕਾਰੀ ਦਾ ਮੁਕਾਬਲਾ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ, ਖਾਸ ਕਰਕੇ ਡਿਜੀਟਲ ਗਣਨਾ ਅਤੇ ਡੇਟਾ ਨੂੰ ਗੁਪਤ ਰਖਣ ਸੰਬੰਧੀ। ਮਰਦਮਸ਼ੁਮਾਰੀ 2027 ਲਈ ਇੱਕ 16 ਅਪੈਲ 2026 ਤੋਂ

ਰਾਸ਼ਟਰੀ ਟੋਲ ਫ੍ਰੀ ਨੰਬਰ 1855 ਚੰਡੀਗੜ੍ਹ ਵਿੱਚ ਕਾਰਜਸ਼ੀਲ ਹੋਵੇਗਾ। ਇਹ ਹੈਲਪਲਾਈਨ ਜਨਤਾ ਨੂੰ ਸਵੈ-ਗਣਨਾ, ਘਰ ਸੂਚੀਕਰਨ ਕਾਰਜ, ਸ਼ਿਕਾਇਤਾਂ ਦਰਜ ਕਰਨ ਅਤੇ ਹੈਲਪਡੈਸਕ ਅਧਿਕਾਰੀ ਨਾਲ ਗੱਲ ਕਰਨ ਦੇ ਵਿਕਲਪ ਨਾਲ ਸਬੰਧਤ ਪ੍ਰਸ਼ਨਾਂ ਵਿੱਚ ਮਦਦ ਕਰਨ ਬਾਰੇ ਏ .

---

ਕੇਂਦਰ ਸਰਕਾਰ ਦੀਆਂ ਟੀਮਾਂ ਵਲੋਂ ਬੀਤੇ ਦਿਨੀਂ ਪੰਜਾਬ ‘ਚ ਹੋਈ ਬੇਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਕਾਰਨ ਕਣਕ ਦੀ ਫ਼ਸਲ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਸੂਬੇ ਦੇ ਵਖ – ਵਖ ਇਲਾਕਿਆਂ ਦਾ ਦੌਰਾ ਕੀਤਾ ਜਾ ਰਿਹਾ ਏ. ਇਸੇ ਸੰਬੰਧ ‘ਚ ਮਾਨਸਾ ਦੇ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਅੱਜ ਕੇਂਦਰੀ ਟੀਮ ਨਾਲ ਕੀਤਾ ਭੀਖੀ ਦੀ ਅਨਾਜ ਮੰਡੀ ਦਾ ਦੌਰਾ ਕੀਤਾ ।ਕੇਂਦਰੀ ਟੀਮ ਨੇ ਵੱਖ-ਵੱਖ ਕਣਕ ਦੀਆਂ ਢੇਰੀਆਂ ਤੋਂ ਸੈਂਪਲਿੰਗ ਕੀਤੀ ਗਈ।

---

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਨਮੂਨੇ ਲੈਬ ਵਿਚ

ਟੈਸਟ ਹੋਣ ਤੋਂ ਬਾਅਦ ਕੇਂਦਰ ਸਰਕਾਰ ਦੇ ਖ਼ਰੀਦ ਸਬੰਧੀ ਫੈਸਲੇ ਲਏ ਜਾਣੇ ਨੇ. ਕੇਂਦਰੀ ਟੀਮ ਵੱਲੋਂ ਗੁਰਦਾਸਪੁਰ ਦੀਆਂ ਦਾਣਾ ਮੰਡੀਆਂ ਦਾ ਵੀ ਦੌਰਾ ਕੀਤਾ ਗਿਆ. ਇਸ ਦੌਰਾਨ ਟੀਮ ਨੇ ਮੰਡੀਆਂ ਵਿੱਚ ਪਹੁੰਚੀ ਕਣਕ ਦੀ ਗੁਣਵੱਤਾ ਦੀ ਜਾਂਚ ਕੀਤੀ ਅਤੇ ਅਗਲੇਰੀ ਕਾਰਵਾਈ ਲਈ ਨਮੂਨੇ ਇਕੱਤਰ ਕੀਤੇ। ਕੇਂਦਰੀ ਅਧਿਕਾਰੀਆਂ ਨੇ ਭਰੋਸਾ ਦਿੱਤਾ ਕਿ ਇਹ ਸੈਂਪਲ ਜਾਂਚ ਲਈ ਲੈਬਾਰਟਰੀ ਭੇਜੇ ਜਾਣਗੇ ਅਤੇ ਰਿਪੋਰਟ ਦੇ ਆਧਾਰ 'ਤੇ ਕੇਂਦਰ ਸਰਕਾਰ ਨੂੰ ਜਲਦ ਤੋਂ ਜਲਦ ਸਿਫਾਰਸ਼ਾਂ ਭੇਜੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਕਿਸਾਨਾਂ ਨੂੰ ਵੱਧ ਤੋਂ ਵੱਧ ਰਾਹਤ ਪਹੁੰਚਾਉਣਾ ਏ ਤਾਂ ਜੋ ਉਨ੍ਹਾਂ ਨੂੰ ਮੰਡੀਆਂ ਵਿੱਚ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ।

---

IPL ਕ੍ਰਿਕੇਟ ਵਿੱਚ ਅੱਜ, ਚੇਨਈ ਦੇ M.A. ਚਿਦੰਬਰਮ ਸਟੇਡੀਅਮ ਵਿਖੇ Chennai Super Kings ਦਾ ਮੁਕਾਬਲਾ Kolkata Knight Riders ਨਾਲ ਹੋਏਗਾ | ਇਹ ਮੈਚ ਸ਼ਾਮੀ ਸਾਢੇ 7 ਵਜੇ ਖੇਡਿਆ ਜਾਵੇਗਾ |

---

- ਸੁਪਰੀਮ ਕੋਰਟ ਨੇ ਖੇਤੀਬਾੜੀ ਉਪਜ ਲਈ ਘੱਟੋ-ਘੱਟ ਸਮਰਥਨ ਮੁੱਲ ਨਿਰਧਾਰਤ ਕਰਨ ਨਾਲ ਸਬੰਧਤ ਪਟੀਸ਼ਨ 'ਤੇ ਕੇਂਦਰ ਤੋਂ ਜਵਾਬ ਮੰਗਿਆ ਏ.

- ਦੇਸ਼ ਅੱਜ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਓਹਨਾਂ ਦੇ ਜਨਮ ਦਿਹਾੜੇ ਮੌਕੇ ਨਮਨ ਕਰ ਰਿਹਾ ਏ. ਪੰਜਾਬ ‘ਚ ਆਦਮਪੁਰ ਵਿਖੇ ਹੋਏ ਰਾਜ ਪਧਰੀ ਪ੍ਰੋਗ੍ਰਾਮ ‘ਚ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕਰਨ ਦਾ ਐਲਾਨ.

- ਵਿਸਾਖੀ ਦਾ ਤਿਉਹਾਰ ਪੂਰੇ ਪੰਜਾਬ ਸਮੇਤ ਦੇਸ਼ ਤੇ ਵਿਦੇਸ਼ਾਂ ਵਿਚ ਵੀ ਪੂਰੇ ਚਾਅ ਨਾਲ ਮਨਾਇਆ ਜਾ ਰਿਹਾ ਏ.

- ਕੇਂਦਰ ਸਰਕਾਰ ਦੀਆਂ ਟੀਮਾਂ ਵਲੋਂ ਬੀਤੇ ਦਿਨੀਂ ਪੰਜਾਬ ‘ਚ ਹੋਈ ਬੇਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਕਾਰਨ, ਕਣਕ ਦੀ ਫ਼ਸਲ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਸੂਬੇ ਦੇ ਵਖ – ਵਖ ਇਲਾਕਿਆਂ ਦਾ ਦੌਰਾ ਕੀਤਾ ਜਾ ਰਿਹਾ ਏ.

- IPL ਕ੍ਰਿਕੇਟ ਵਿੱਚ ਅੱਜ, Chennai Super Kings ਦਾ ਮੁਕਾਬਲਾ Kolkata Knight Riders ਨਾਲ ਸ਼ਾਮ ਸਾਢੇ 7 ਵਜੇ ਹੋਏਗਾ |

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**